ਸਮੁੰਦੜਾ ਵਿਖੇ ਅਜਮੇਰ ਸਿੰਘ ਮੱਲ੍ਹੀ ਦੀ ਯਾਦ ਨੂੰ ਸਮਰਪਿਤ ਕਰਵਾਏ ਫੁੱਟਬਾਲ ਟੂਰਨਾਮੈਂਟ ਮੌਕੇ ਫਾਈਨਲ 'ਚ ਪਹੁੰਚੀਆਂ ਟੀਮਾਂ ਨਾਲ ਮੋਹਣ ਸਿੰਘ ਮੱਲ੍ਹੀ ਤੇ ਹੋਰ ਪਤਵੰਤੇ ਯਾਦਗਾਰੀ ਤਸਵੀਰ ਖਿਚਾਉਂਦੇ ਹੋਏ। ਤਸਵੀਰ : ਤੀਰਥ ਸਿੰਘ ਰੱਕੜ

ਸਮੁੰਦੜਾ ਦਾ ਅਜਮੇਰ ਸਿੰਘ ਮੱਲ੍ਹੀ ਯਾਦਗਾਰੀ ਫੁੱਟਬਾਲ ਟੂਰਨਾਮੈਂਟ ਸਮਾਪਤ

*ਧਮਾਈ ਨੇ ਸਮੁੰਦੜਾ ਨੂੰ ਹਰਾ ਕੇ ਜਿੱਤਿਆ ਪਹਿਲਾ ਇਨਾਮ

ਸਮੁੰਦੜਾ, 19 ਅਕਤੂਬਰ (ਤੀਰਥ ਸਿੰਘ ਰੱਕੜ)-ਸਮੁੰਦੜਾ ਵਿਖੇ ਸ਼ਿਵ ਓਮ ਸਪੋਰਟਸ ਕਲੱਬ ਵਲੋਂ ਪਿੰਡ ਵਾਸੀਆਂ ਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਅਜਮੇਰ ਸਿੰਘ ਮੱਲ੍ਹੀ ਯੂ. ਐਸ. ਏ. ਦੀ ਯਾਦ ਨੂੰ ਸਮਰਪਿਤ ਫੁੱਟਬਾਲ ਟੂਰਨਾਮੈਂਟ ਕਰਵਾਇਆ, ਜਿਸ 'ਚ ਫੁੱਟਬਾਲ 'ਏ', ਫੁਟਬਾਲ 'ਬੀ' ਉਮਰ ਵਰਗ ਤੇ 40 ਸਾਲ ਤੋਂ ਵੱਧ ਉਮਰ ਦੇ ਖਿਡਾਰੀਆਂ ਦੇ ਵੀ ਫੁੱਟਬਾਲ ਮੁਕਾਬਲੇ ਕਰਵਾਏ ਗਏ। ਫੁੱਟਬਾਲ 'ਏ' ਪਿੰਡ ਪੱਧਰ ਦੇ ਹੋਏ ਫਾਈਨਲ ਮੁਕਾਬਲੇ 'ਚ ਪਿੰਡ ਧਮਾਈ ਦੀ ਟੀਮ ਨੇ ਸਮੁੰਦੜਾ ਨੂੰ 2-0 ਦੇ ਫਰਕ ਨਾਲ ਹਰਾ ਕੇ 61000 ਦਾ ਪਹਿਲਾ ਇਨਾਮ ਤੇ ਟਰਾਫ਼ੀ ਹਾਸਿਲ ਕੀਤੀ। ਉਪ ਜੇਤੂ ਟੀਮ ਨੂੰ 41 ਹਜ਼ਾਰ ਦੀ ਨਕਦ ਰਾਸ਼ੀ ਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ। ਫੁੱਟਬਾਲ ਬੀ, ਟੀਮਾਂ ਦੇ ਹੋਏ ਮੁਕਾਬਲੇ 'ਚ ਪਿੰਡ ਸਿੰਬਲੀ ਦੀ ਟੀਮ ਨੇ ਮਹਿਤਪੁਰ ਉਲੱਦਣੀ ਤੇ 40 ਸਾਲਾ ਖਿਡਾਰੀਆਂ ਦੇ ਹੋਏ ਮੁਕਾਬਲੇ 'ਚ ਓਲਡ ਆਰਮੀ ਫੁੱਟਬਾਲ ਕਲੱਬ ਗੜ੍ਹਸ਼ੰਕਰ ਨੇ ਮਾਹਿਲਪੁਰ ਨੂੰ ਹਰਾਇਆ। ਟੂਰਨਾਮੈਂਟ ਲਈ ਮੋਹਣ ਸਿੰਘ ਮੱਲ੍ਹੀ ਯੂ. ਐਸ. ਏ., ਮਨਬੀਰ ਸਿੰਘ ਚੱਕ ਸਿੰਘਾ ਯੂ. ਐਸ. ਏ., ਗਾਗੀ ਸਮੁੰਦੜਾ ਯੂ.ਐਸ. ਏ., ਐਨ. ਆਰ. ਆਈ. ਫੁੱਟਬਾਲ ਅਕੈਡਮੀ ਚੱਕ ਗੁਰੂ ਵਲੋਂ ਵਿਸ਼ੇਸ਼ ਸਹਿਯੋਗ ਦਿੱਤਾ। ਇਸ ਮੌਕੇ ਕੁਲਵਿੰਦਰ ਸਿੰਘ ਕਿੰਦਾ, ਹਰਭਜਨ ਸਿੰਘ, ਰਜਿੰਦਰ ਸਿੰਘ, ਰਾਣਾ ਹੇਮਰਾਜ, ਰਿੰਕੂ ਸਮੁੰਦੜਾ, ਪਾਲੀ ਸਮੁੰਦੜਾ, ਕਮਲ ਹੰਗੜੀ, ਮਨਜੀਤ ਸਿੰਘ ਲਾਡੀ, ਸੱਜਣ ਸਿੰਘ ਧਮਾਈ, ਪੰਡਿਤ ਕਿਸ਼ੋਰ ਕੁਮਾਰ, ਅਜੈਬ ਸਿੰਘ ਚੱਕ ਗੁੱਜਰਾਂ, ਗੁਰਦੇਵ ਸਿੰਘ ਚੱਕ ਗੁਰੂ, ਸਤਨਾਮ ਸਿੰਘ ਰੱਕੜ, ਏ. ਐਸ. ਆਈ. ਸਤਨਾਮ ਸਿੰਘ ਚੌਕੀ ਇੰਚਾਰਜ ਸਮੁੰਦੜਾ ਆਦਿ ਵੀ ਹਾਜ਼ਰ ਸਨ।

ਸਮਾਜ ਸੇਵੀ ਚੈਨ ਸਿੰਘ ਬੋਲਾ ਤੇ ਮਾਤਾ ਮਹਿੰਦਰ ਕੌਰ ਬੋਲਾ ਕੈਨੇਡਾ ਦੀ ਧਰਤੀ ਤੋਂ ਵਾਪਸ ਪਰਤੇ

ਬੰਗਾ, 19 ਅਕਤੂਬਰ (ਕੁਲਦੀਪ ਸਿੰਘ ਪਾਬਲਾ)-ਸਮਾਜ ਸੇਵੀ ਤੇ ਵਿਕਾਸ ਦੇ ਕੰਮਾਂ 'ਚ ਸਹਿਯੋਗ ਦੇਣ ਵਾਲੇ ਸਰਦਾਰ ਚੈਨ ਸਿੰਘ ਬੋਲਾ ਤੇ ਮਾਤਾ ਮਹਿੰਦਰ ਕੌਰ ਬੋਲਾ ਕੈਨੇਡਾ ਜੋ ਕਿ ਹਰੇਕ ਸਾਲ ਅੱਖਾਂ ਦੀ ਜਾਂਚ ਤੇ ਆਪ੍ਰੇਸ਼ਨ ਕੈਂਪ ਲਗਾਉਂਦੇ ਹਨ। ਉਹ ਵਿਦੇਸ਼ ਦੀ ਧਰਤੀ ਤੋਂ ਵਾਪਸ ਆਪਣੇ ਪਿੰਡ ਨੌਰਾ ਵਿਖੇ ਪਹੁੰਚੇ ਹਨ। ਉਨ੍ਹਾਂ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ ਗੁਰਦੁਆਰਾ ਦੇਹਰਾ ਬਾਬਾ ਗੁਲਾਬ ਸਿੰਘ ਜੀ ਦੀ ਪਵਿੱਤਰ ਯਾਦ ਨੂੰ ਸਮਰਪਿਤ ਪਿੰਡ ਨੌਰਾ ਵਿਖੇ ਗੁਰਦੁਆਰਾ ਦੇਹਰਾ ਬਾਬਾ ਗੁਲਾਬ ਸਿੰਘ ਦੇ ਅਸਥਾਨ 'ਤੇ 6 ਨਵੰਬਰ ਨੂੰ ਮੁਫ਼ਤ ਅੱਖਾਂ ਦਾ ਜਾਂਚ ਤੇ ਆਪ੍ਰੇਸ਼ਨ ਕੈਂਪ ਲਗਾਇਆ ਜਾਵੇਗਾ। ਇਸ ਸੰਬੰਧੀ ਚੈਨ ਸਿੰਘ ਬੋਲਾ ਤੇ ਮਾਤਾ ਮਹਿੰਦਰ ਕੌਰ ਬੋਲਾ ਕੈਨੇਡਾ ਨੇ ਦੱਸਿਆ ਕਿ ਇਸ ਕੈਂਪ 'ਚ ਅੱਖਾਂ ਦੇ ਮਾਹਿਰ ਸੇਠ ਹਸਪਤਾਲ ਮੁਕੰਦਪੁਰ ਰੋਡ ਬੰਗਾ ਦੇ ਡਾਕਟਰ ਅਸ਼ੀਸ਼ ਸੇਠ ਦੀ ਟੀਮ ਵਲੋਂ ਕੈਂਪ ਦੌਰਾਨ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਤੇ ਮੁਫ਼ਤ ਆਪ੍ਰੇਸ਼ਨ ਕੀਤੇ ਜਾਣਗੇ।

ਸ: ਚੈਨ ਸਿੰਘ ਬੋਲਾ ਤੇ ਮਾਤਾ ਮਹਿੰਦਰ ਕੌਰ ਬੋਲਾ ਕੈਨੇਡਾ

ਖੁੰਬਾਂ ਦੀ ਕਾਸ਼ਤ ਸੰਬੰਧੀ ਲਗਾਏ ਸਿਖਲਾਈ ਕੋਰਸ ਦਾ ਦ੍ਰਿਸ਼।

ਕ੍ਰਿਸ਼ੀ ਵਿਗਿਆਨ ਕੇਂਦਰ ਲੰਗੜੋਆ ਵਿਖੇ ਖੁੰਬਾਂ ਦੀ ਕਾਸ਼ਤ ਸੰਬੰਧੀ ਲਗਾਇਆ ਸਿਖਲਾਈ ਕੋਰਸ

ਨਵਾਂਸ਼ਹਿਰ, 19 ਅਕਤੂਬਰ (ਦੀਦਾਰ ਸਿੰਘ ਸ਼ੇਤਰਾ)- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਭਾਰਤੀ ਖੇਤੀ ਖੋਜ ਸੰਸਥਾ ਅਟਾਰੀ ਜ਼ੋਨ ਇਕ ਲੁਧਿਆਣਾ ਦੇ ਅਧੀਨ ਕਾਰਜਸ਼ੀਲ ਕ੍ਰਿਸ਼ੀ ਵਿਗਿਆਨ ਕੇਂਦਰ ਲੰਗੜੋਆ ਵਿਖੇ ਪਿਛਲੇ ਇਕ ਹਫਤੇ ਤੋਂ ਖੁੰਬਾਂ ਦੀ ਕਾਸ਼ਤ ਤੇ ਪ੍ਰੋਸੈਸਿੰਗ ਸੰਬੰਧੀ ਪੰਜ ਦਿਨਾ ਕਿੱਤਾ ਮੁਖੀ ਸਿਖਲਾਈ ਕੋਰਸ ਕਰਵਾਇਆ। ਇਸ ਸਿਖਲਾਈ ਦਾ ਉਦੇਸ਼ ਕਿਸਾਨਾਂ ਤੇ ਪੇਂਡੂ ਨੌਜਵਾਨਾਂ ਨੂੰ ਖੁੰਬਾਂ ਦੀ ਕਾਸ਼ਤ ਨੂੰ ਇਕ ਲਾਭਦਾਇਕ ਸਹਾਇਕ ਕਿੱਤੇ ਵਜੋਂ ਅਪਣਾਉਣ ਲਈ ਉਤਸ਼ਾਹਿਤ ਕਰਨਾ ਸੀ। ਡਾਕਟਰ ਪ੍ਰਦੀਪ ਕੁਮਾਰ ਡਿਪਟੀ ਡਾਇਰੈਕਟਰ ਸਿਖਲਾਈ ਕ੍ਰਿਸ਼ੀ ਵਿਗਿਆਨ ਕੇਂਦਰ ਲੰਗੜੋਆ ਦੀ ਅਗਵਾਈ ਹੇਠ ਲਗਾਏ ਸਿਖਲਾਈ ਕੋਰਸ 'ਚ ਆਮਦਨ ਵਿਭਿੰਨਤਾ ਲਈ ਖੁੰਬਾਂ ਦੀ ਕਾਸ਼ਤ ਵਰਗੇ ਸਹਾਇਕ ਕਿੱਤਿਆਂ ਦੀ ਵੱਧ ਰਹੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ। ਖੇਤੀਬਾੜੀ ਜ਼ਮੀਨ 'ਤੇ ਵੱਧ ਰਹੇ ਦਬਾਅ ਤੇ ਫ਼ਸਲਾਂ ਦੀਆਂ ਕੀਮਤਾਂ 'ਚ ਉਤਰਾ ਚੜ੍ਹਾ ਨੂੰ ਦੇਖਦੇ ਹੋਏ ਕਿਸਾਨਾਂ ਨੂੰ ਨਵੇਂ ਸਹਾਇਕ ਕਿੱਤੇ ਅਪਣਾਉਣ ਦੀ ਲੋੜ ਹੈ। ਡਾ. ਪ੍ਰਦੀਪ ਕੁਮਾਰ ਨੇ ਸਿੱਖਿਆਰਥੀਆਂ ਨੂੰ ਸਿਖਲਾਈ ਕੋਰਸ ਦੌਰਾਨ ਮਿਲੀ ਤਕਨੀਕੀ ਜਾਣਕਾਰੀ ਲੈਣ ਤੋਂ ਉਪਰੰਤ ਇਸ ਨੂੰ ਕਿੱਤੇ ਵਜੋਂ ਅਪਨਾਉਣ ਲਈ ਕਿਹਾ। ਸਿਖਲਾਈ ਦੌਰਾਨ ਡਾਕਟਰ ਆਰਤੀ ਵਰਮਾ ਸਹਾਇਕ ਪ੍ਰੋਫੈਸਰ ਬਾਗਬਾਨੀ ਨੇ ਸਿੱਖਿਆਰਥੀਆਂ ਨੂੰ ਪੰਜਾਬ ਵਿਚ ਖੁੰਬਾਂ ਦੀ ਕਾਸ਼ਤ ਦੀ ਸੰਭਾਵਨਾ ਅਤੇ ਮਹੱਤਵ, ਵੱਖ-ਵੱਖ ਕਿਸਮਾਂ ਦੀਆਂ ਖੁੰਬਾਂ ਕੰਪੋਸਟ ਦੀ ਤਿਆਰੀ, ਬਿਜਾਈ, ਕੇਸਿੰਗ, ਖੁੰਬਾਂ ਦੇ ਕੀੜੇ ਤੇ ਬਿਮਾਰੀਆਂ ਦੀ ਰੋਕਥਾਮ, ਤੁੜਾਈ, ਮੰਡੀਕਰਨ, ਪ੍ਰੋਸੈਸਿੰਗ, ਖੁੰਬਾਂ ਦੀ ਕਾਸ਼ਤ ਦੀ ਆਰਥਿਕਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਕੋਰਸ ਦੌਰਾਨ ਸਿਖਿਆਰਥੀਆਂ ਨੂੰ ਨਵੇਂ ਤਰੀਕੇ ਨਾਲ ਕੰਪੋਸਟ ਤਿਆਰ ਕਰਨ ਦੀ ਵਿਧੀ ਤੇ ਕੇਸਿੰਗ ਮਿਸ਼ਰਣ ਤਿਆਰ ਕਰਨ ਦੀ ਵਿਧੀ ਵੀ ਸਿਖਾਈ। ਇਸ ਕੋਰਸ ਦੌਰਾਨ ਸਿਖਿਆਰਥੀਆਂ ਨੂੰ ਪ੍ਰਗਤੀਸ਼ੀਲ ਕਿਸਾਨ ਪ੍ਰਮੋਦ ਕੁਮਾਰ ਪਿੰਡ ਸਨਾਵਾ ਦੀ ਖੁੰਬ ਯੂਨਿਟ ਦਾ ਇੱਕ ਵਿੱਦਿਅਕ ਦੌਰਾ ਵੀ ਕਰਵਾਇਆ ਗਿਆ।

ਪੰਜਾਬ 'ਚ ਗ੍ਰੀਨ ਦੀਵਾਲੀ ਮਨਾ ਕੇ ਹਵਾ ਤੇ ਵਾਤਾਵਰਨ ਨੂੰ ਸੰਭਾਲੀਏ-ਬਲਵੀਰ ਕਰਨਾਣਾ

ਬੰਗਾ, 18 ਅਕਤੂਬਰ (ਕੁਲਦੀਪ ਸਿੰਘ ਪਾਬਲਾ)-ਮਾਰਕੀਟ ਕਮੇਟੀ ਦੇ ਚੇਅਰਮੈਨ ਬਲਵੀਰ ਕਰਨਾਣਾ ਨੇ ਕਿਹਾ ਕਿ ਆਉ ਇਸ ਵਾਰ ਅਸੀਂ ਗ੍ਰੀਨ ਦੀਵਾਲੀ ਮਨਾਈਏ। ਵੈਸੇ ਤਾਂ ਸਾਰੇ ਭਾਰਤ 'ਚ ਸਮੇਂ-ਸਮੇਂ 'ਤੇ ਤਿਉਹਾਰ ਮਨਾਏ ਜਾਂਦੇ ਹਨ। ਦੁਸਹਿਰਾ, ਦੀਵਾਲੀ, ਲੋਹੜੀ, ਰੱਖੜੀ, ਬਸੰਤ, ਵਿਸਾਖੀ, ਈਦ, ਬਕਰੀਦ, ਮੁਹੱਰਮ, ਕ੍ਰਿਸਮਸ, ਹੋਲੀ, ਗੁਰਪੁਰਬ ਮਨਾਏ ਜਾਂਦੇ ਹਨ। ਬਹੁਤੇ ਤਿਉਹਾਰਾਂ ਮੌਕੇ ਪਟਾਕੇ ਤੇ ਆਤਿਸ਼ਬਾਜ਼ੀ ਕੀਤੀ ਜਾਂਦੀ ਹੈ। ਜਿਸ ਨਾਲ ਹਵਾ 'ਚ ਪ੍ਰਦੂਸ਼ਣ ਇੰਨਾ ਵੱਧ ਜਾਂਦਾ ਹੈ ਕਿ ਸਾਨੂੰ ਸਾਹ ਲੈਣਾ ਵੀ ਮੁਸ਼ਕਲ ਹੋ ਜਾਂਦਾ ਹੈ, ਜਿਸ ਕਾਰਨ ਫੇਫੜਿਆਂ 'ਤੇ ਕਾਫੀ ਅਸਰ ਹੋ ਜਾਂਦਾ ਹੈ। ਅਸੀਂ ਅਨੇਕਾਂ ਪ੍ਰਕਾਰ ਦੀਆਂ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਾਂ। ਇਹ ਵਿਚਾਰ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਮਾਰਕੀਟ ਕਮੇਟੀ ਬੰਗਾ ਦੇ ਚੇਅਰਮੈਨ ਬਲਵੀਰ ਸਿੰਘ ਕਰਨਾਣਾ ਨੇ ਗੱਲਬਾਤ ਕਰਦਿਆਂ ਪ੍ਰਗਟਾਏ। ਉਨ੍ਹਾਂ ਕਿਹਾ ਮੁੱਖ ਮੰਤਰੀ ਭਗਵੰਤ ਮਾਨ ਦਾ ਵੀ ਇਹ ਹੀ ਸੁਨੇਹਾ ਹੈ ਕਿ ਦੀਵਾਲੀ ਜ਼ਰੂਰ ਮਨਾਉਣੀ ਚਾਹੀਦੀ ਹੈ, ਪਰ ਦੀਪਮਾਲਾ ਕਰਕੇ ਜਿਥੇ ਹਨੇਰੇ ਨੂੰ ਦੂਰ ਕਰਕੇ ਰੌਸ਼ਨੀ ਕਰੋ ਤੇ ਭਾਈਚਾਰਕ ਸਾਂਝ ਬਰਕਰਾਰ ਰੱਖਣ ਦਾ ਪ੍ਰੇਮ ਵਧਾਉਣ ਦਾ ਫੈਸਲਾ ਕਰਨਾ ਚਾਹੀਦਾ ਹੈ। ਇਸ ਲਈ ਆਓ ਹਰੇਕ ਪੰਜਾਬੀ ਰਲਮਿਲ ਕੇ ਵਾਤਾਵਰਣ ਨੂੰ ਸ਼ੁੱਧ ਰੱਖਣ ਦਾ ਪ੍ਰਣ ਕਰੀਏ ਅਤੇ ਗ੍ਰੀਨ ਦੀਵਾਲੀ ਮਨਾਈਏ।

ਭੰਗਲ ਕਲਾਂ ਦੇ ਬਹੁਮੰਤਵੀ ਖੇਡ ਕੰਪਲੈਕਸ 'ਚ ਅੰਬਾਂ ਦੇ ਬੂਟੇ ਲਗਾਏ

ਸਾਹਲੋਂ, 18 ਅਕਤੂਬਰ (ਜਰਨੈਲ ਸਿੰਘ ਨਿੱਘਾ)- ਨਾਨਕਮਤਾ ਵਾਤਾਵਰਨ ਸੰਭਾਲ ਕਲੱਬ ਦੇ ਪ੍ਰਧਾਨ ਰਣਜੀਤ ਸਿੰਘ ਚਾਹਲ ਦੀ ਅਗਵਾਈ 'ਚ ਭੰਗਲ ਕਲਾਂ ਦੇ ਬਹੁਮੰਤਵੀ ਖੇਡ ਕੰਪਲੈਕਸ ਦੇ ਚੌਗਿਰਦੇ 'ਚ ਅੰਬਾਂ ਦੇ ਬੂਟੇ ਲਗਾਏ। ਇਹ ਬੂਟੇ ਇਸ ਸਟੇਡੀਅਮ ਵਿਚ ਚੱਲ ਰਹੀਆਂ 69ਵੀਆਂ ਸੂਬਾ ਪੱਧਰੀ ਖੇਡਾਂ ਕਰਕੇ ਵਿੱਦਿਆਰਥੀ ਖਿਡਾਰੀਆਂ ਨੂੰ ਵਾਤਾਵਰਨ ਦੀ ਸ਼ੁੱਧਤਾ ਲਈ ਪ੍ਰੇਰਿਤ ਕਰਨ ਲਈ ਹਲਕਾ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਸੁੱਖੀ ਤੇ ਹਲਕਾ ਨਵਾਂਸ਼ਹਿਰ ਦੇ ਵਿਧਾਇਕ ਡਾ. ਨਛੱਤਰ ਪਾਲ ਵਲੋਂ ਬੂਟੇ ਲਗਾਏ ਗਏ। ਇਸ ਮੌਕੇ ਗ੍ਰਾਮ ਪੰਚਾਇਤ ਅਮਰਗੜ੍ਹ ਦੇ ਸਾਬਕਾ ਸਰਪੰਚ ਰਣਜੀਤ ਸਿੰਘ ਤੇ ਸਾਬਕਾ ਸਰਪੰਚ ਸੰਦੀਪ ਸਿੰਘ ਨੇ ਵਿਧਾਇਕਾਂ ਨੂੰ ਮੰਗ-ਪੱਤਰ ਸੌਂਪਿਆ, ਜਿਸ 'ਚ ਮੰਗ ਕੀਤੀ ਗਈ, ਕਿ ਇਲਾਕੇ 'ਚ ਪੰਜਾਬ ਪੱਧਰ ਦਾ ਵੱਡਾ ਸਟੇਡੀਅਮ ਪਿੰਡ ਭੰਗਲ ਕਲਾਂ ਵਿਖੇ ਤਿਆਰ ਕੀਤਾ ਗਿਆ ਹੈ ਜੋ ਕਿ ਇਕ ਸ਼ਾਨਦਾਰ ਇਮਾਰਤ ਵਜੋਂ ਵਿਕਸਤ ਵੀ ਹੋਇਆ ਹੈ। ਉਨ੍ਹਾਂ ਨੇ ਜ਼ਿਲ੍ਹਾ ਖੇਡ ਦਫ਼ਤਰ ਨੂੰ ਇਸ ਬਿਲਡਿੰਗ 'ਚ ਤਬਦੀਲ ਕਰਨ ਦੀ ਮੰਗ ਕੀਤੀ ਤੇ ਕਿਹਾ ਕਿ ਇਹ ਸ਼ਹਿਰ ਦੇ ਸਭ ਤੋਂ ਨਜ਼ਦੀਕ ਹੈ। ਇਸ ਤਰ੍ਹਾਂ ਹੋਣ ਨਾਲ ਖੇਡਾਂ ਹੋਰ ਵੱਡੇ ਪੱਧਰ 'ਤੇ ਪ੍ਰਫੁੱਲਤ ਹੋਣਗੀਆਂ, ਇਸ ਬਿਲਡਿੰਗ ਲਾਗੇ ਖ਼ਾਲੀ ਪਈ ਥਾਂ 'ਤੇ ਫੁੱਟਬਾਲ ਗਰਾਊਂਡ ਤੇ ਦੌੜਾਂ ਲਈ ਟਰੈਕ ਬਣਾਉਣ ਦੀ ਮੰਗ ਕੀਤੀ। ਮੰਗ ਪੱਤਰ ਵਿਚ ਪੀਣ ਵਾਲੇ ਪਾਣੀ ਤੇ ਬਾਥਰੂਮਾਂ ਦੇ ਪ੍ਰਬੰਧ ਦੀ ਮੰਗ ਰੱਖੀ ਗਈ। ਖੇਡ ਸਟੇਡੀਅਮ ਲਈ ਅੰਤਰਰਾਸ਼ਟਰੀ ਪੱਧਰ ਦੇ ਕੋਚ ਦੀ ਲੋੜ ਨੂੰ ਮੁੱਖ ਰੱਖਦਿਆਂ ਪਿੰਡ ਵਾਸੀਆਂ ਵਲੋਂ ਕੋਚਾਂ ਦੀ ਮੰਗ 'ਤੇ ਜ਼ੋਰ ਦਿੱਤਾ। ਇਸ ਮੌਕੇ ਰਣਜੀਤ ਸਿੰਘ ਚਾਹਲ ਸਬਾਕਾ ਸਰਪੰਚ, ਸੰਦੀਪ ਸਿੰਘ ਸਬਾਕਾ ਸਰਪੰਚ, ਕੁਲਦੀਪ ਸਿੰਘ ਭੋਲਾ ਅੰਤਰਰਾਸ਼ਟਰੀ ਖਿਡਾਰੀ, ਪਰਵਿੰਦਰ ਸਿੰਘ ਭੰਗਲ ਸਟੇਟ ਐਵਾਰਡੀ, ਜ਼ਿਲ੍ਹਾ ਸਿੱਖਿਆ ਅਫਸਰ ਅਨੀਤਾ ਸ਼ਰਮਾਂ, ਉਪ ਜ਼ਿਲ੍ਹਾ ਸਿੱਖਿਆ ਅਫਸਰ ਲਖਵੀਰ ਸਿੰਘ, ਜ਼ਿਲ੍ਹਾ ਖੇਡ ਕੋਆਰਡੀਨੇਟਰ, ਸਰਪੰਚ ਮਲਕੀਤ ਸਿੰਘ ਭੰਗਲ ਕਲਾਂ, ਕੁਲਵੀਰ ਸਿੰਘ ਸਾਬਕਾ ਸਰਪੰਚ ਮੂਸਾਪੁਰ, ਬਲਜਿੰਦਰ ਸਿੰਘ ਦੜੌਚ, ਧੀਰਜ ਕੁਮਾਰ ਨਵਾਂਸ਼ਹਿਰ, ਪਰਮਜੀਤ ਲਾਲ ਪੰਚ, ਕੁਲਵੀਰ ਸਿੰਘ ਪ੍ਰਧਾਨ, ਦਿਲਾਵਰ ਸਿੰਘ, ਨੰਬਰਦਾਰ ਜਸਪਾਲ ਸਿੰਘ ਆਦਿ ਇਲਾਕਾ ਨਿਵਾਸੀ ਹਾਜ਼ਰ ਸਨ।

ਭੰਗਲ ਕਲਾਂ ਬਹੁਮੰਤਵੀ ਖੇਡ ਕੰਪਲੈਕਸ ਵਿਖੇ ਵਿਧਾਇਕ ਡਾ: ਸੁਖਵਿੰਦਰ ਸੁੱਖੀ ਅਤੇ ਵਿਧਾਇਕ ਡਾ. ਨਛੱਤਰ ਪਾਲ ਅੰਬ ਦਾ ਬੂਟਾ ਲਗਾਉਣ ਸਮੇਂ ਨਾਲ ਵਾਤਾਵਰਨ ਪ੍ਰੇਮੀ ਰਣਜੀਤ ਸਿੰਘ ਚਾਹਲ ਤੇ ਹੋਰ ਅਧਿਕਾਰੀ। ਤਸਵੀਰ : ਜਰਨੈਲ ਸਿੰਘ

ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਸਰਕਲ ਨਵਾਂਸ਼ਹਿਰ ਦੀ ਬੈਠਕ

ਨਵਾਂਸ਼ਹਿਰ, 19 ਅਕਤੂਬਰ (ਦੀਦਾਰ ਸਿੰਘ ਸ਼ੇਤਰਾ)-ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਏਟਕ) ਦੇ ਸਰਕਲ ਨਵਾਂਸ਼ਹਿਰ ਦੀ ਹੋਈ ਬੈਠਕ 'ਚ ਪੈਨਸ਼ਨਰਜ਼ ਨੂੰ ਦਰਪੇਸ਼ ਮੁਸ਼ਕਲਾਂ ਸਬੰਧੀ ਵਿਸਥਾਰ ਸਹਿਤ ਵਿਚਾਰਾਂ ਹੋਈਆਂ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾਈ ਆਗੂ ਮਦਨ ਗੋਪਾਲ, ਰਾਮ ਆਸਰਾ ਅਤੇ ਮਨੀ ਰਾਮ ਨੇ ਪੰਜਾਬ ਸਰਕਾਰ ਵਲੋਂ ਸਰਕਾਰੀ ਜਾਇਦਾਦਾਂ ਵੇਚਣ ਵਾਲੀ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਵਲੋਂ ਵਿਭਾਗ ਦੇ ਕਰਮਚਾਰੀਆਂ ਦੀਆਂ ਪਰਾਲੀ ਨੂੰ ਅੱਗ ਲਾਉਣ ਤੋਂ ਰੋਕਣ ਸਬੰਧੀ ਲਗਾਈਆਂ ਡਿਊਟੀਆਂ ਦੇ ਹੁਕਮ ਤੁਰੰਤ ਵਾਪਿਸ ਲਏ ਜਾਣ। ਉਹਨਾਂ ਮੰਗ ਕੀਤੀ ਕਿ ਕਰਮਚਾਰੀਆਂ ਦਾ ਹਰ ਮਹੀਨੇ ਡਿਵੈਲਪਮੈਂਟ ਫੰਡ ਦੇ ਨਾਂ 'ਤੇ ਕੱਟੇ ਜਾਂਦੇ 200 ਰੁਪਏ ਤੁਰੰਤ ਬੰਦ ਕੀਤੇ ਜਾਣ। ਠੇਕੇਦਾਰੀ ਸਿਸਟਮ ਨੂੰ ਬੰਦ ਕਰਨ ਦੀ ਮੰਗ ਕਰਦਿਆਂ ਸਾਰੇ ਕੰਮ ਕਰਦੇ ਕਰਮਚਾਰੀਆਂ ਨੂੰ ਰੈਗੂਲਰ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸਕੇਲਾਂ ਦਾ ਲੰਬੇ ਸਮੇਂ ਤੋਂ ਪਿਆ ਬਕਾਇਆ ਤੁਰੰਤ ਜਾਰੀ ਕਰਨ, ਮੈਡੀਕਲ ਬਿੱਲਾਂ ਸਬੰਧੀ ਆ ਰਹੀਆਂ ਔਕੜਾਂ ਨੂੰ ਦੂਰ ਕਰਨ, ਮੈਡੀਕਲ ਬਿੱਲਾਂ ਨੂੰ ਪਾਸ ਕਰਨ ਅਤੇ ਪਾਸ ਕੀਤੇ ਬਿੱਲ ਦੀ ਬਣਦੀ ਰਕਮ ਖਾਤਿਆਂ 'ਚ ਪਾਉਣ ਸਬੰਧੀ ਸਮਾਂ ਸੀਮਾ ਨਿਸ਼ਚਿਤ ਕੀਤੀ ਜਾਵੇ ਤਾਂ ਕਿ ਪੈਨਸ਼ਨਰਜ਼ ਆਪਣਾ ਠੀਕ ਢੰਗ ਨਾਲ ਸਮੇਂ ਨਾਲ ਇਲਾਜ਼ ਕਰਵਾ ਸਕਣ। ਬੈਠਕ ਨੂੰ ਸਰਕਲ ਪ੍ਰਧਾਨ ਹਸ਼ਮਤ ਅਲੀ, ਕਰਨੈਲ ਸਿੰਘ ਇੰਜੀਨੀਅਰ, ਸੁੱਚਾ ਸਿੰਘ, ਕੁਲਵੰਤ ਸਿੰਘ, ਹਰਮੇਸ਼ ਲਾਲ, ਯੁਗਾ ਰਾਮ, ਦਵਿੰਦਰ ਸਿੰਘ ਭੱਟੀ, ਪਰਮਜੀਤ ਸਿੰਘ, ਜੋਗਾ ਸਿੰਘ, ਰਾਮ ਲਖਣ ਸਰਕਲ ਕੈਸ਼ੀਅਰ, ਮੰਡਲ ਆਗੂ ਕਰਨੈਲ ਸਿੰਘ, ਸੁੱਚਾ ਸਿੰਘ ਪਰਵਾਕਰ, ਤਿਵਾੜੀ, ਹਰੀ ਕ੍ਰਿਸ਼ਨ ਕੈਸ਼ੀਅਰ, ਇੰਜੀਨੀਅਰ ਵਿਜੇ ਸਿੰਘ, ਇੰਜੀਨੀਅਰ ਜਗੀਰ ਸਿੰਘ,